ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ
ਛੇਵੀਂ ਮੰਜਿਲ, ਬਲਾਕ-ਈ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ. ਫੇਜ਼-8,
ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੁਹਾਲੀ), ਫੋਨ ਨੰਬਰ:-0172-2212221

Azadi Ka Amrit Mahotsav

ਵੱਲ

ਸਮੂਹ ਜਿਲਾ ਸਿੱਖਿਆ ਅਫਸਰ (ਸੈਸਿੱ/ਐਸਿੱ)
ਪੰਜਾਬ।

ਮੀਮੋ ਨੰ:- SCERT-SDP01/114/2023-SDP-SCERT /556072/01
ਮਿਤੀ: ਐਸ.ਏ.ਐਸ.ਨਗਰ, 14-08-2023

**ਵਿਸ਼ਾ- ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ (PMRBP) ਲਈ ਨਾਮਜ਼ਦਗੀਆਂ (Nominations) ਭੇਜਣ ਸੰਬੰਧੀ।**

ਹਵਾਲਾ :- Ministry of Women & Child Development, ਵੱਲੋਂ ਪ੍ਰਾਪਤ D.O. No. 19011/1/2023-CW-1 Dated 18th July, 2023 ਦੇ ਸੰਬੰਧ ਵਿੱਚ।

1.0 ਉਪਰੋਕਤ ਵਿਸ਼ੇ ਅਤੇ ਹਵਾਲਾ ਅਧੀਨ ਪੱਤਰ ਦੇ ਸੰਬੰਧ ਵਿੱਚ ਦੱਸਿਆ ਜਾਂਦਾ ਹੈ ਕਿ ਭਾਰਤ ਸਰਕਾਰ ਦੇ ਮਹਿਲਾ ਅਤੇ ਵਿਕਾਸ ਮੰਤਰਾਲੇ ਦੁਆਰਾ ਦੇਸ਼ ਵਿੱਚ ਹੋਣਹਾਰ ਬੱਚਿਆਂ ਨੂੰ ਸਨਮਾਨਿਤ ਕਰਨ ਲਈ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ (PMRBP) ਪੁਰਸਕਾਰ ਦੀ ਸਥਾਪਨਾ ਕੀਤੀ ਗਈ ਹੈ।

2.0 ਇਨ੍ਹਾਂ ਪੁਰਸਕਾਰਾਂ ਦਾ ਉਦੇਸ਼ ਉਨ੍ਹਾਂ ਨੌਜਵਾਨ ਬਹਾਦਰ ਦਿਲਾਂ ਨੂੰ ਉਚਿਤ ਮਾਨਤਾ ਪ੍ਰਦਾਨ ਕਰਨਾ ਹੈ ਜਿਨ੍ਹਾਂ ਨੇ ਦੂਜਿਆਂ ਲਈ ਬੇਮਿਸਾਲ ਬਹਾਦਰੀ ਦਾ ਨਿਰਸਵਾਰਥ ਕੰਮ ਕੀਤਾ ਹੈ ਅਤੇ ਬੇਮਿਸਾਲ ਯੋਗਤਾਵਾਂ ਅਤੇ ਸ਼ਾਨਦਾਰ ਪ੍ਰਾਪਤੀਆਂ ਵਾਲੇ ਉਨ੍ਹਾਂ ਛੋਟੇ ਬੱਚਿਆਂ ਨੂੰ ਜੋ ਰੋਲ ਮਾਡਲ ਹਨ।

3.0 ਜਿਹਨਾਂ ਨੌਜਵਾਨਾਂ ਅਤੇ ਛੋਟੇ ਬੱਚਿਆਂ ਨੇ ਸਮਾਜ ਸੇਵਾ, ਵਿਗਿਆਨ ਅਤੇ ਤਕਨਾਲੋਜੀ, ਖੇਡਾਂ, ਵਾਤਾਵਰਣ, ਕਲਾ ਅਤੇ ਸੱਭਿਆਚਾਰ ਅਤੇ ਨਵੀਨਤਾ ਦੇ ਖੇਤਰਾਂ ਵਿੱਚ ਸਮਾਜ 'ਤੇ ਵਿਆਪਕ ਅਤੇ ਪ੍ਰਤੱਖ ਪ੍ਰਭਾਵ ਪਾਇਆ ਹੈ ਅਤੇ ਜੋ ਰਾਸ਼ਟਰੀ ਪੱਧਰ 'ਤੇ ਮਾਨਤਾ ਦੇ ਹੱਕਦਾਰ ਹਨ।

4.0 ਕੋਈ ਵੀ ਬੱਚਾ, ਜੋ ਕਿ ਇੱਕ ਭਾਰਤੀ ਨਾਗਰਿਕ ਹੈ ਅਤੇ ਭਾਰਤ ਵਿੱਚ ਰਹਿ ਰਿਹਾ ਹੈ, ਅਤੇ 18 ਸਾਲ ਤੋਂ ਵੱਧ ਨਹੀਂ ਹੈ, (ਨਾਮਜ਼ਦਗੀ/ ਬਿਨੈ ਪੱਤਰ ਪ੍ਰਾਪਤ ਕਰਨ ਦੇ ਆਖਰੀ ਸਮੇਂ ਅਨੁਸਾਰ) ਪੁਰਸਕਾਰ ਲਈ ਅਰਜ਼ੀ ਦੇ ਸਕਦਾ ਹੈ।

5.0 PMRBP ਲਈ ਅਰਜ਼ੀਆਂ ਸਿਰਫ ਇਸ ਉਦੇਸ਼ ਲਈ ਤਿਆਰ ਕੀਤੇ ਗਏ online ਪੋਰਟਲ https:// awards.gov.in 'ਤੇ ਪ੍ਰਾਪਤ ਕੀਤੀਆਂ ਜਾਣੀਆਂ ਹਨ।

6.0 ਪੋਰਟਲ 'ਤੇ ਦੋ ਵਿਕਲਪ ਹਨ ਜਿਵੇਂ ਕਿ ਜਾਂ ਤਾਂ ਬਿਨੈਕਾਰ ਬੱਚਾ ਖੁਦ ਫਾਰਮ ਭਰ ਸਕਦਾ ਹੈ ਜਾਂ ਕੋਈ ਹੋਰ ਮਾਪੇ/ ਅਧਿਕਾਰੀ/ ਅਧਿਆਪਕ ਆਦਿ ਬੱਚੇ ਨੂੰ ਨਾਮਜ਼ਦ ਕਰ ਸਕਦੇ ਹਨ।

7.0 ਆਨਲਾਈਨ ਅਰਜ਼ੀ ਫਾਰਮ ਪ੍ਰਾਪਤ ਕਰਨ ਦੀ ਆਖਰੀ ਮਿਤੀ 31.08.2023 ਹੈ।

Scanned with OKEN Scanner

8.0 PMRBP ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ (ਕਾਪੀ ਨੱਥੀ) ਰਾਜ ਸਰਕਾਰਾਂ, ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਪ੍ਰਸ਼ਾਸਨ, ਜ਼ਿਲ੍ਹਾ ਕੁਲੈਕਟਰ/ਜ਼ਿਲ੍ਹਾ ਮੈਜਿਸਟ੍ਰੇਟ, ਪੰਚਾਇਤੀ ਰਾਜ ਸੰਸਥਾਵਾਂ ਵੀ ਯੋਗ ਉਮੀਦਵਾਰਾਂ ਲਈ ਨਾਮਜ਼ਦਗੀਆਂ ਭੇਜ ਸਕਦੀਆਂ ਹਨ, ਜਿਨ੍ਹਾਂ ਨੇ ਸਮਾਜ ਸੇਵਾ, ਵਿਗਿਆਨ ਅਤੇ ਤਕਨਾਲੋਜੀ, ਖੇਡਾਂ, ਵਾਤਾਵਰਣ, ਕਲਾ ਅਤੇ ਸੱਭਿਆਚਾਰ ਅਤੇ ਨਵੀਨਤਾ ਦੇ ਖੇਤਰਾਂ ਵਿੱਚ ਬੇਮਿਸਾਲ ਯੋਗਦਾਨ ਪਾਇਆ ਹੈ।

9.0 ਹਰ ਜ਼ਿਲ੍ਹੇ ਤੋਂ ਘੱਟੋ-ਘੱਟ ਤਿੰਨ ਯੋਗ ਉਮੀਦਵਾਰਾਂ ਨੂੰ ਨਾਮਜ਼ਦ ਕੀਤਾ ਜਾਵੇ।

10.0 ਦਿਸ਼ਾ-ਨਿਰਦੇਸ਼ਾਂ ਵਿਚ ਦਰਸਾਏ ਅਨੁਸਾਰ ਦਸਵੇਂ ਸਿੱਖ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ, ਸਾਹਿਬਜ਼ਾਦਾ ਜ਼ੋਰਾਵਰ ਸਿੰਘ ਅਤੇ ਸਾਹਿਬਜ਼ਾਦਾ ਫਤਹਿ ਸਿੰਘ ਦੀ 26 ਦਸੰਬਰ, 1705 ਨੂੰ ਕ੍ਰਮਵਾਰ 9 ਅਤੇ 6 ਸਾਲ ਦੀ ਕੋਮਲ ਉਮਰ ਵਿੱਚ ਦਿੱਤੀ ਮਹਾਨ ਅਤੇ ਸਰਵਉੱਚ ਕੁਰਬਾਨੀ ਨੂੰ ਸ਼ਰਧਾਂਜਲੀ ਵੱਜੋਂ 'ਵੀਰ ਬਾਲ ਦਿਵਸ'(Veer Bal Diwas) ਹਰ ਸਾਲ 26 ਦਸੰਬਰ ਨੂੰ ਮਨਾਇਆ ਜਾਵੇਗਾ ਅਤੇ ਉਸ ਮੌਕੇ ਤੇ ਹੀ PMRBP ਐਵਾਰਡ ਦੇ ਪ੍ਰਾਪਤ ਕਰਤਾਵਾਂ ਦੀ ਘੋਸ਼ਣਾ ਕੀਤੀ ਜਾਵੇਗੀ।

11.0 ਇਹ ਪੁਰਸਕਾਰ ਭਾਰਤ ਦੇ ਮਾਨਯੋਗ ਰਾਸ਼ਟਰਪਤੀ ਦੁਆਰਾ ਨਵੀਂ ਦਿੱਲੀ ਵਿਖੇ ਹਰ ਸਾਲ ਜਨਵਰੀ ਮਹੀਨੇ ਵਿੱਚ ਇੱਕ ਵਿਸ਼ੇਸ਼ ਸਮਾਰੋਹ ਦੌਰਾਨ ਪ੍ਰਦਾਨ ਕੀਤੇ ਜਾਣਗੇ।

12.0 ਰਾਸ਼ਟਰੀ ਚੋਣ ਕਮੇਟੀ ਦੀ ਸਿਫ਼ਾਰਸ਼ ਦੇ ਆਧਾਰ 'ਤੇ ਪੁਰਸਕਾਰ ਲਈ ਚੁਣੇ ਗਏ ਬੱਚਿਆਂ ਨੂੰ ਐਵਾਰਡ ਵਿੱਚ ਇੱਕ ਮੈਡਲ, ਇੱਕ ਸਰਟੀਫਿਕੇਟ ਅਤੇ ਇੱਕ ਲੱਖ ਰੁਪਏ ਦਾ ਨਕਦ ਇਨਾਮ ਦਿਤਾ ਜਾਵੇਗਾ।

13.0 ਇਸ ਸੰਬੰਧੀ ਆਪ ਵੱਲੋਂ ਸਮੂਹ ਸਕੂਲ ਮੁਖੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਉਹ ਬੇਮਿਸਾਲ ਯੋਗਤਾਵਾਂ ਅਤੇ ਸ਼ਾਨਦਾਰ ਪ੍ਰਾਪਤੀਆਂ ਵਾਲੇ ਉਨ੍ਹਾਂ ਸਕੂਲੀ ਬੱਚਿਆਂ ਅਤੇ ਸਮਾਜ ਵਿੱਚ ਇਹਨਾਂ ਪੁਰਸਕਾਰਾਂ ਸੰਬੰਧੀ ਸੂਚਿਤ ਕਰਨ ਅਤੇ ਉਹਨਾਂ ਨੂੰ ਇਸ ਐਵਾਰਡ ਲਈ ਆਨਲਾਈਨ ਨਾਮਜ਼ਦ ਵੀ ਕਰਨ, ਤਾਂ ਜੋ ਵੱਧ ਤੋਂ ਵੱਧ ਬੱਚਿਆਂ ਨੂੰ ਇਸ ਦਾ ਪਤਾ ਚਲ ਸਕੇ ਅਤੇ ਉਹ ਇਸ ਦਾ ਲਾਭ ਲੈਣ ਸਕਣ।

ਨੱਥੀ : ਪੁਰਸਕਾਰ ਸੰਬੰਧੀ ਹਦਾਇਤਾਂ।

ਡਾਇਰੈਕਟਰ,
ਐਸ.ਸੀ.ਈ.ਆਰ.ਟੀ.ਪੰਜਾਬ।

ਪਿੱਠ ਅੰਕਣ ਨੰ /ਉਕਤ /02-04 ਮਿਤੀ: ਐਸ.ਏ.ਐਸ.ਨਗਰ, 14-08-2023

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਹਿੱਤ ਭੇਜਿਆ ਜਾਂਦਾ ਹੈ:-

1. ਪੀ.ਏ.ਟੂ ਸਕੱਤਰ ਸਕੂਲ ਸਿੱਖਿਆ, ਪੰਜਾਬ,
2. ਪੀ.ਏ.ਟੂ ਡੀ.ਜੀ.ਐਸ.ਈ., ਪੰਜਾਬ,
3. ਪੀ.ਏ ਟੂ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ/ਐਲੀਮੈਂਟਰੀ), ਪੰਜਾਬ।

ਡਾਇਰੈਕਟਰ,
ਐਸ.ਸੀ.ਈ.ਆਰ.ਟੀ.ਪੰਜਾਬ।

Scanned with OKEN Scanner